# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :01-03-2026**

- ਭਾਰਤ ਦੇ ਚੀਫ਼ ਜਸਟਿਸ, ਜਸਟਿਸ ਸੂਰਿਆ ਕਾਂਤ ਦਾ ਕਹਿਣਾ ਏ ਕਿ ਨਿਆਂਪਾਲਿਕਾ ਪ੍ਰਤੀ ਜਨਤਾ ਦਾ ਵਿਸ਼ਵਾਸ ਅਤੇ ਸਤਿਕਾਰ ਲਗਾਤਾਰ ਵਧ ਰਿਹਾ ਏ ।
- ਪੰਜਾਬ ਸਰਕਾਰ ਨੂੰ ਤਕਨਾਲੋਜੀ ਦੀ ਵਰਤੋਂ ਵਿੱਚ ਮੋਹਰੀ ਪਹਿਲਕਦਮੀਆਂ ਕਰਨ ਲਈ ਤ੍ਕਨੋਲ੍ਜੀ ਸਭਾ 2026 ਦੌਰਾਨ ਵੱਕਾਰੀ “ਡਿਜੀਟਲ ਐਕਸੀਲੈਂਸ” ਐਵਾਰਡ ਮਿਲਿਆ ਏ ।
- ਚੰਡੀਗੜ੍ਹ ਪ੍ਰਸ਼ਾਸਨ ਨੇ ਅੱਜ ਚੰਡੀਗੜ੍ਹ ਕੌਮਾਂਤਰੀ ਮੈਰਾਥਨ ਦੀ ਮੇਜ਼ਬਾਨੀ ਕੀਤੀ.
- ਭਾਰਤੀ ਫੌਜ ਦੀ ਵਜਰਾ ਕੋਰ ਅੱਜ ਆਪਣਾ 76ਵਾਂ ਸਥਾਪਨਾ ਦਿਵਸ ਮਨਾ ਰਹੀ ਏ,
- ICC ਟਵੇਂਟੀ -ਟਵੇਂਟੀ ਕ੍ਰਿਕਟ ਵਿਸ਼ਵ ਕੱਪ ਵਿੱਚ ਅੱਜ ਸ਼ਾਮ ਭਾਰਤ ਦਾ ਮੁਕਾਬਲਾ ਵੈਸਟਇੰਡੀਜ਼ ਨਾਲ.

-----------------------------------------------------------------

ਭਾਰਤ ਦੇ ਚੀਫ਼ ਜਸਟਿਸ, ਜਸਟਿਸ ਸੂਰਿਆ ਕਾਂਤ ਨੇ ਕਿਹਾ ਏ ਕਿ ਨਿਆਂਪਾਲਿਕਾ ਪ੍ਰਤੀ ਜਨਤਾ ਦਾ ਵਿਸ਼ਵਾਸ ਅਤੇ ਸਤਿਕਾਰ ਲਗਾਤਾਰ ਵਧ ਰਿਹਾ ਏ। ਅੱਜ ਆਂਧਰਾ ਪ੍ਰਦੇਸ਼ ਦੇ ਤਿਰੂਪਤੀ ਦਿਹਾਤੀ ਡਿਵੀਜ਼ਨ ਦੇ ਦਾਮੀਨੇਡੂ ਵਿਖੇ ਨਵੇਂ ਜ਼ਿਲ੍ਹਾ ਅਦਾਲਤੀ ਕੰਪਲੈਕਸ ਦਾ ਨੀਂਹ ਪੱਥਰ ਰਖਦਿਆਂ, ਉਨ੍ਹਾਂ ਨੇ ਸਮੇਂ ਸਿਰ ਨਿਆਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਸਪੱਸ਼ਟ ਕੀਤਾ ਕਿ ਨਿਆਂ ਯਕੀਨੀ ਬਣਾਉਣਾ ਸਿਰਫ਼ ਜੱਜਾਂ ਦੀ ਜ਼ਿੰਮੇਵਾਰੀ ਨਹੀਂ ਏ, ਸਗੋਂ ਬਾਰ ਵੀ ਨਿਆਂ ਪ੍ਰਦਾਨ ਕਰਨ ਵਾਲੀ ਪ੍ਰਣਾਲੀ ਦਾ ਇੱਕ ਅਨਿੱਖੜਵਾਂ ਅੰਗ ਏ। ਚੀਫ਼ ਜਸਟਿਸ ਨੇ ਕਿਹਾ ਕਿ ਅਦਾਲਤੀ ਕੰਪਲੈਕਸਾਂ ਨੂੰ ਹਸਪਤਾਲਾਂ ਵਾਂਗ ਕੰਮ ਕਰਨਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਜਦੋਂ ਕੋਈ ਵਿਅਕਤੀ ਅਦਾਲਤ ਵਿੱਚ ਆਉਂਦਾ ਏ, ਤਾਂ ਉਸਨੂੰ ਭਰੋਸਾ ਦਿੱਤਾ ਜਾਣਾ ਚਾਹੀਦਾ ਏ ਕਿ ਉਸ ਦੀਆਂ ਚਿੰਤਾਵਾਂ ਦਾ ਤੁਰੰਤ ਹੱਲ ਕੀਤਾ ਜਾਵੇਗਾ।

-----------------------------------------------------------------

ਨਾਗਰਿਕ-ਕੇਂਦ੍ਰਿਤ ਸੁਧਾਰਾਂ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੂੰ ਪਾਰਦਰਸ਼ਤਾ, ਕੁਸ਼ਲਤਾ ਅਤੇ ਜਨਤਕ ਸੇਵਾਵਾਂ ਦੀ ਨਿਰਵਿਘਨ

ਡਿਲੀਵਰੀ ਨੂੰ ਯਕੀਨੀ ਬਣਾਉਣ ਵਿੱਚ ਤਕਨਾਲੋਜੀ ਦੀ ਵਰਤੋਂ ਵਿੱਚ ਮੋਹਰੀ ਪਹਿਲਕਦਮੀਆਂ ਕਰਨ ਲਈ ਤਕਨਾਲੋਜੀ ਸਭਾ 2026 ਦੌਰਾਨ ਵੱਕਾਰੀ “ਡਿਜੀਟਲ ਐਕਸੀਲੈਂਸ” ਐਵਾਰਡ ਮਿਲਿਆ ਏ । ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਵਿਭਾਗ ਦੇ ਡਾਇਰੈਕਟਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਸੂਬਾ ਸਰਕਾਰ ਤਰਫੋਂ ਇਹ award ਹੈਦਰਾਬਾਦ ਵਿਖੇ ਇੰਡੀਅਨ ਐਕਸਪ੍ਰੈਸ ਗਰੁੱਪ ਵੱਲੋਂ ਕਰਵਈ ਗਈ ਤਕਨਾਲੋਜੀ ਸਭਾ 2026 ਦੌਰਾਨ ਹਾਸਲ ਕੀਤਾ। ਇਸ ਸਮਾਰੋਹ ਵਿੱਚ ਦੇਸ਼ ਭਰ ਦੇ ਚੋਟੀ ਦੇ ਤਕਨਾਲੋਜੀ ਦਿੱਗਜਾਂ ਅਤੇ ਨੀਤੀ ਘਾੜਿਆਂ ਨੇ ਸ਼ਿਰਕਤ ਕੀਤੀ। ਇਹ award ਸੂਬੇ ਦੇ ਨਾਗਰਿਕਾਂ ਅਤੇ ਵਿਭਾਗ ਦੀ ਟੀਮ ਨੂੰ ਸਮਰਪਿਤ ਕਰਦਿਆਂ, ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਮਾਨਤਾ ਪੰਜਾਬ ਸਰਕਾਰ ਵੱਲੋਂ ਇੱਕ ਪਾਰਦਰਸ਼ੀ, ਕਾਗਜ਼ ਰਹਿਤ ਅਤੇ ਜਵਾਬਦੇਹੀ ਵਾਲਾ ਪ੍ਰਬੰਧਕੀ ਢਾਂਚਾ ਬਣਾਉਣ ਲਈ ਸੌਂਪੇ ਕਾਰਜਾਂ ਦਾ ਨਤੀਜਾ ਏ । ਓਹਨਾਂ ਦੱਸਿਆ –byte

ਅਗਲੇਰੀ ਰੂਪ ਰੇਖਾ ‘ਤੇ ਚਾਨਣਾ ਪਾਉਂਦਿਆਂ, ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਪੰਜਾਬ ਦੀ ਡਿਜੀਟਲ ਯਾਤਰਾ ਦੇ ਅਗਲੇ ਪੜਾਅ ਵਿੱਚ ਸੇਵਾ ਪ੍ਰਦਾਨ ਕਰਨ ਨੂੰ ਹੋਰ ਸੁਖਾਲਾ ਬਣਾਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (AI) ਅਤੇ ਮਸ਼ੀਨ ਲਰਨਿੰਗ ਨੂੰ ਏਕੀਕ੍ਰਿਤ ਕੀਤਾ ਜਾਵੇਗਾ।

-----------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਨੇ ਕਿਹੈ ਕਿ ਈਰਾਨ-ਇਜ਼ਰਾਈਲ ਜੰਗ ਕਾਰਨ ਦੁਬਈ ਹਵਾਈਅੱਡੇ ਅਤੇ ਹੋਰ ਅਰਬ ਦੇਸ਼ਾਂ ਵਿੱਚ ਫਸੇ ਭਾਰਤੀਆਂ ਨੂੰ ਸੁਰੱਖਿਅਤ ਵਾਪਸ ਲਿਆਂਦੇ ਜਾਣ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਤੁਰੰਤ ਦਖਲਅੰਦਾਜ਼ੀ ਲਾਜ਼ਮੀ ਏ। ਉਨ੍ਹਾਂ ਕਿਹਾ ਕਿ ਮੀਡੀਆ ਖਬਰਾਂ ਅਨੁਸਾਰ ਦੁਬਈ ਹਵਾਈ ਅੱਡੇ ਅਤੇ ਕਈ ਅਰਬ ਦੇਸ਼ਾਂ ਵਿੱਚ ਕਈ ਭਾਰਤੀ ਨਾਗਰਿਕ ਮੌਜੂਦਾ ਹਾਲਾਤ ਕਰਕੇ ਫਸੇ ਹੋਏ ਨੇ. ਇਸ ਗੰਭੀਰ ਸਥਿਤੀ ਨੂੰ ਦੇਖਦਿਆਂ ਸਪੀਕਰ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਏ ਕਿ ਭਾਰਤੀਆਂ ਦੀ ਸੁਰੱਖਿਅਤ ਵਾਪਸੀ ਨੂੰ ਸਭ ਤੋਂ ਉੱਚ ਤਰਜੀਹ ਦਿੱਤੀ ਜਾਵੇ।

---------------------------------------------------------------

ਚੰਡੀਗੜ੍ਹ ਪ੍ਰਸ਼ਾਸਨ ਨੇ ਅੱਜ ਚੰਡੀਗੜ੍ਹ ਕੌਮਾਂਤਰੀ ਮੈਰਾਥਨ ਦੀ ਮੇਜ਼ਬਾਨੀ ਕੀਤੀ, ਜੋ ਸ਼ਹਿਰ ਦੇ ਖੇਡ ਇਤਿਹਾਸ ਵਿੱਚ ਇੱਕ ਇਤਿਹਾਸਕ ਪਲ ਸਾਬਿਤ ਹੋਇਆ।

ਇਸ ਮੈਰਾਥਨ ਨੂੰ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਸਵੇਰੇ 7 ਵਜੇ ਚੰਡੀਗੜ੍ਹ ਕਲੱਬ, ਸੈਕਟਰ 1 ਤੋਂ ਰਵਾਨਾ ਕੀਤਾ। ਇਸ ਬਾਰੇ ਸ੍ਰੀ ਕਟਾਰੀਆ ਨੇ ਕਿਹਾ ਨੇ ਖੇਡ ਵਿਭਾਗ ਵਲੋਂ ਕਾਰਵਾਈ ਜਾ ਰਹੀ ਇਹ ਮੈਰਾਥਨ ਚੰਡੀਗੜ੍ਹ ਵਿੱਚ ਹੋਣ ਵਾਲੀ ਪਹਿਲੀ ਕੌਮਾਂਤਰੀ ਮੈਰਾਥਨ ਏ

ਅਤੇ ਆਪਣੀ ਕਿਸਮ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਖੇਡ ਗਤੀਵਿਧੀ ਬਣ ਗਈ ਏ। "ਦੌੜੋ , ਉੱਠੋ, ਦੁਹਰਾਓ" ਵਿਸ਼ੇ 'ਤੇ ਆਧਾਰਿਤ, ਮੈਰਾਥਨ ਦਾ ਉਦੇਸ਼ ਹਰ ਉਮਰ ਵਰਗ ਦੇ ਲੋਕਾਂ ਨੂੰ ਤੰਦਰੁਸਤੀ, ਲਗਨ ਅਤੇ ਦ੍ਰਿੜਤਾ ਨੂੰ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ। ਇਸ ਦੌਰਾਨ ਚਾਰ ਪ੍ਰਮੁੱਖ ਸ਼੍ਰੇਣੀਆਂ 42.19 ਕਿਲੋਮੀਟਰ, 21.09 ਕਿਲੋਮੀਟਰ, 10 ਕਿਲੋਮੀਟਰ ਅਤੇ 5 ਕਿਲੋਮੀਟਰ ਵਿੱਚ ਮੁਕਾਬਲਾ ਕਰਵਾਏ ਗਏ । 38 ਕੌਮਾਂਤਰੀ ਐਥਲੀਟਾਂ ਸਮੇਤ 3 ਹਜ਼ਾਰ 500 ਤੋਂ ਵੱਧ ਦੌੜਾਕਾਂ ਦੇ ਹਿੱਸਾ ਲਿਆ। ਪ੍ਰਸ਼ਾਸਕ ਨੇ ਬਾਅਦ ਵਿੱਚ ਈਨਾਮ ਵੰਡ ਸਮਾਰੋਹ ਦੀ ਸ਼ੋਭਾ ਵਧਾਈ ਅਤੇ ਇਸ ਸਫ਼ਲ ਆਯੋਜਨ ਲਈ ਖੇਡ ਵਿਭਾਗ ਅਤੇ ਸਬੰਧਿਤ ਹਿਤਧਾਰਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਨਾਗਰਿਕਾਂ ਦੇ ਦਰਮਿਆਨ ਤੰਦਰੁਸਤੀ, ਅਨੁਸ਼ਾਸਨ, ਏਕਤਾ ਅਤੇ ਇੱਕ ਤੰਦਰੁਸਤ ਜੀਵਨਸ਼ੈਲੀ ਨੂੰ ਹੁਲਾਰਾ ਦੇਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

------------------------------------------------------------

ਸਿੱਖ ਪੰਥ ਦੇ ਛੇ ਰੋਜ਼ਾ ਅਹਿਮ ਕੌਮੀ ਤਿਹਾਰ, ਹੋਲੇ ਮਹੱਲੇ ਦੇ ਪਹਿਲਾ ਪੜਾਅ ਦੀ, ਕੀਰਤਪੁਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਣ ਉਪਰੰਤ ਸਮਾਪਤੀ ਹੋਈ. ਦੂਜੇ ਪੜਾਅ ਦੀ ਆਰੰਭਤਾ ਭਲਕੇ ਦੋ ਮਾਰਚ ਨੂੰ ਤਖਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਕੀਤੀ

ਜਾਵੇਗੀ ਜਿਥੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਰਖੇ ਜਾਣਗੇ ਤੇ ਚਾਰ ਮਾਰਚ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਮਹੱਲਾ ਸਜਾਇਆ ਜਾਵੇਗਾ. ਪਹਿਲੇ ਪੜਾਅ ਦੇ ਸਮਾਪਤੀ ਸਮਾਗਮ ਦੌਰਾਨ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸਮਾਪਤੀ ਦੀ ਅਰਦਾਸ ਕੀਤੀ ਗਈ. ਇਸ ਉਪਰੰਤ ਉਹਨਾਂ ਆਪਣੇ ਸੰਦੇਸ਼ ਰਾਹੀਂ ਸੰਗਤ ਨੂੰ ਸ਼ਰਧਾ ਸਤਿਕਾਰ ਸਹਿਤ ਸ੍ਰੀ ਆਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਗੁਰੂ ਘਰਾਂ ਵਿੱਚ ਨਤਮਸਤਕ ਹੋਣ ਲਈ ਸੱਦਾ ਦਿੱਤਾ. ਜਥੇਦਾਰ ਗੜਗੱਜ ਨੇ ਨੌਜਵਾਨਾਂ ਨੂੰ ਮਰਿਆਦਾ ਅਨੁਸਾਰ ਆਉਣ ਲਈ ਅਪੀਲ ਕੀਤੀ ਤੇ ਇਹ ਵੀ ਕਿਹਾ ਕਿ ਨੌਜਵਾਨ ਕਿਸੇ ਵੀ ਤਰ੍ਹਾਂ ਦੀ ਹੁਲੜਬਾਜੀ ਨਾ ਕਰਨ ਅਤੇ ਗੁਰੂ ਸਾਹਿਬ ਦੇ ਸਿਧਾਂਤਾਂ ਦੇ ਮੁਤਾਬਿਕ ਹੀ ਅਨੰਦਪੁਰ ਸਾਹਿਬ ਵਿਖੇ ਆਉਣ. ਅੰਤ ਵਿੱਚ ਉਨ੍ਹਾਂ ਸਮੂਹ ਖਾਲਸਾ ਪੰਥ ਅਤੇ ਨਾਨਕ ਨਾਮ ਲੇਵਾ ਸੰਗਤਾਂ ਨੂੰ ਹੋਲਾ ਮਹੱਲਾ ਦੇ ਕੌਮੀ ਤਿਉਹਾਰ ਦੀ ਲੱਖ-ਲੱਖ ਵਧਾਈ ਦਿੰਦਿਆਂ ਆਪਣੇ ਸੰਬੋਧਨ ਦੀ ਸਮਾਪਤੀ ਕੀਤੀ।

---

ਭਾਰਤੀ ਫੌਜ ਦੀ ਵਜਰਾ ਕੋਰ ਅੱਜ ਪਹਿਲੀ ਮਾਰਚ ਨੂੰ ਆਪਣਾ 76ਵਾਂ ਸਥਾਪਨਾ ਦਿਵਸ ਮਨਾ ਰਹੀ ਏ. ਇਹ ਦਿਨ ਰਾਸ਼ਟਰ ਪ੍ਰਤੀ ਸੱਤ ਦਹਾਕਿਆਂ ਤੋਂ ਵੱਧ ਸਮੇਂ ਦੀ ਸ਼ਾਨਦਾਰ ਸੇਵਾ ਦੀ ਯਾਦ ਵਿੱਚ ਮਨਾਇਆ

ਗਿਆ। ਇਹ 1950 ਵਿੱਚ ਸਥਾਪਿਤ ਕੀਤੀ ਗਈ ਭਾਰਤੀ ਫੌਜ ਦੀ ਪਹਿਲੀ ਕੋਰ ਸੀ। ਪਿਛਲੇ ਕੁਝ ਸਾਲਾਂ ਵਿੱਚ, ਕੋਰ ਨੇ ਪੱਛਮੀ ਮੋਰਚੇ 'ਤੇ ਇੱਕ ਮੁੱਖ ਭੂਮਿਕਾ ਨਿਭਾਈ ਏ ਅਤੇ 1965 ਅਤੇ 1971 ਦੀਆਂ ਜੰਗਾਂ ਵਿੱਚ ਵਿਲੱਖਣਤਾ ਪ੍ਰਾਪਤ ਕੀਤੀ ਏ, ਜਿਸ ਵਿੱਚ ਡੋਗਰਾਈ, ਬਰਕੀ ਅਤੇ ਖੇਮ ਕਰਨ ਵਿੱਚ ਇਤਿਹਾਸਕ ਜਿੱਤਾਂ ਸ਼ਾਮਲ ਨੇ. ਕੋਰ ਨੇ ਨਿਰੰਤਰ ਸੰਚਾਲਨ ਉੱਤਮਤਾ ਅਤੇ ਰਾਸ਼ਟਰੀ ਸੁਰੱਖਿਆ ਪ੍ਰਤੀ ਇੱਕ ਮਜ਼ਬੂਤ ਵਚਨਬੱਧਤਾ ਦਾ ਵਿਖਾਲਾ ਵੀ ਕੀਤਾ ਏ, ਜਿਸ ਵਿੱਚ ਆਪ੍ਰੇਸ਼ਨ ਸਿੰਦੂਰ ਅਤੇ ਆਪ੍ਰੇਸ਼ਨ ਰਾਹਤ ਦੌਰਾਨ ਵਜਰਾ ਕੋਰ ਦੇ ਸੈਨਿਕਾਂ ਵਲੋਂ ਦਿਖਾਈ ਗਈ ਮਿਸਾਲੀ ਸੇਵਾ ਅਤੇ ਹਮਾਇਤ ਸ਼ਾਮਿਲ ਏ. 25 ਬੈਟਲ ਆਨਰ, 04 ਆਨਰ ਟਾਈਟਲ ਅਤੇ 38 ਥੀਏਟਰ ਆਨਰ ਨਾਲ ਸਨਮਾਨਿਤ, ਵਜਰਾ ਕੋਰ 'ਪੰਜਾਬ ਦੇ ਡਿਫੈਂਡਰ' ਭਾਵ ਪੰਜਾਬ ਦੇ ਰਾਖਿਆਂ ਵਜੋਂ ਆਪਣੇ ਵਿਰਸੇ ਨੂੰ ਮਾਣ ਨਾਲ ਬਰਕਰਾਰ ਰੱਖਦੀ ਏ ਕਿਉਂਕਿ ਇਹ ਰਾਸ਼ਟਰ ਪ੍ਰਤੀ ਸਮਰਪਿਤ ਸੇਵਾ ਦੇ 76ਵੇਂ ਸਾਲ ਵਿੱਚ ਦਾਖਲ ਹੋ ਰਹੀ ਏ।

---------------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਭਰ ਦੇ ਸਰਕਾਰੀ ਆਈ.ਟੀ.ਆਈ. ਅਤੇ ਸਰਕਾਰੀ ਪੌਲੀਟੈਕਨਿਕਾਂ ਤੋਂ ਚੁਣੇ ਗਏ ਉੱਚ ਸੰਭਾਵਨਾ ਵਾਲੇ 40 ਨੌਜਵਾਨ ਕਾਰੋਬਾਰੀਆਂ ਲਈ ਮਹਾਤਮਾ ਗਾਂਧੀ ਸਟੇਟ

ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ (ਐਮ ਜੀ ਸੀ ਪਾ), ਚੰਡੀਗੜ੍ਹ ਵਿਖੇ ਪਹਿਲਾ ਦੋ-ਰੋਜ਼ਾ ਰੈਜੀਡੈਂਸ਼ੀਅਲ ਸਟੂਡੈਂਟ ਇੰਟਰ-ਪ੍ਰਿਨੀਓਰਸ਼ਿਪ ਬੂਟਕੈਂਪ ਕਰਵਾਇਆ ਗਿਆ। ਇਹ ਸਿਰਫ ਇਕ ਵਰਕਸ਼ਾਪ ਹੀ ਨਹੀਂ ਸਗੋਂ ਇਹ ਇੱਕ ਤਿਮਾਹੀ ਲੜੀ ਦੀ ਸ਼ੁਰੂਆਤ ਨੂੰ ਦਰਸਾਉਂਦੀ ਏ ਜਿਸਦਾ ਉਦੇਸ਼ ਨੌਜਵਾਨਾਂ ਦੀ ਅਗਵਾਈ ਵਾਲੇ ਉੱਦਮ ਸਿਰਜਣਾ ਅਤੇ ਇਹ ਯਕੀਨੀ ਬਣਾਉਣਾ ਏ ਕਿ ਪੰਜਾਬ ਵਿੱਚ ਤਕਨੀਕੀ ਸਿੱਖਿਆ ਸਿੱਧੇ ਤੌਰ 'ਤੇ ਕਾਰੋਬਾਰ ਵਿੱਚ ਵਾਧਾ, ਆਮਦਨ ਪੈਦਾ ਕਰਨ ਅਤੇ ਸਥਾਨਕ ਰੁਜ਼ਗਾਰ ਦੇ ਮੌਕਿਆਂ ਨੂੰ ਯਕੀਨੀ ਬਣਾਵੇ.

---------------------------------------------------------------

ਬਠਿੰਡਾ ਦੇ ਸਥਾਨਕ ਖੇਤੀ ਭਵਨ ਵਿਖੇ ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਅਤੇ ਆਤਮਾ ਸਕੀਮ ਅਧੀਨ “ਰਿ-ਜਨਰੇਟਿਵ ਐਗ੍ਰੀਕਲਚਰ– ਇਕ ਕੁਦਰਤੀ ਖੇਤੀ ਪੱਧਤੀ” ਵਿਸ਼ੇ ’ਤੇ 4 ਦਿਨਾਂ ਦਾ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗ੍ਰਾਮ ਦੌਰਾਨ ਮੁੱਖ ਖੇਤੀਬਾੜੀ ਅਫਸਰ ਡਾ. ਹਰਬੰਸ ਸਿੰਘ ਸਿੱਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਅਤੇ ਕੁਦਰਤੀ ਖੇਤੀ ਪ੍ਰਣਾਲੀਆਂ ਬਾਰੇ ਜਾਗਰੂਕ ਕਰਨਾ, ਮਿੱਟੀ ਦੀ ਸਿਹਤ ਵਿੱਚ ਸੁਧਾਰ ਲਿਆਉਣਾ ਅਤੇ ਖੇਤੀ ਨੂੰ ਨਿਰੰਤਰ ਰਹਿਣ ਯੋਗ ਅਤੇ ਲਾਭਕਾਰੀ ਬਣਾਉਣਾ ਸੀ.

CRICKET

ਭਾਰਤ ਅੱਜ ICC twenty – twenty ਕ੍ਰਿਕੇਟ ਵਿਸ਼ਵ ਕੱਪ ਵਿੱਚ ਵੈਸਟਇੰਡੀਜ਼ ਖਿਲਾਫ਼ ਖੇਡੇਗਾ. ਇਹ ਮੈਚ ਭਾਰਤੀ ਸਮੇਂ ਮੁਤਾਬਿਕ ਕੋਲਕਾਤਾ ਦੇ ਈਡਨ ਗਾਰਡਨ ਵਿੱਚ ਸ਼ਾਮ 7 ਵਜੇ ਖੇਡਿਆ ਜਾਵੇਗਾ। ਜੇਤੂ ਟੀਮ ਸੈਮੀਫਾਈਨਲ ਵਿੱਚ ਪਹੁੰਚ ਜਾਏਗੀ.

---

- ਭਾਰਤ ਦੇ ਚੀਫ਼ ਜਸਟਿਸ, ਜਸਟਿਸ ਸੂਰਿਆ ਕਾਂਤ ਦਾ ਕਹਿਣਾ ਏ ਕਿ ਨਿਆਂਪਾਲਿਕਾ ਪ੍ਰਤੀ ਜਨਤਾ ਦਾ ਵਿਸ਼ਵਾਸ ਅਤੇ ਸਤਿਕਾਰ ਲਗਾਤਾਰ ਵਧ ਰਿਹਾ ਏ ।
- ਪੰਜਾਬ ਸਰਕਾਰ ਨੂੰ ਤਕਨਾਲੋਜੀ ਦੀ ਵਰਤੋਂ ਵਿੱਚ ਮੋਹਰੀ ਪਹਿਲਕਦਮੀਆਂ ਕਰਨ ਲਈ ਤ੍ਕਨੋਲ੍ਜੀ ਸਭਾ 2026 ਦੌਰਾਨ ਵੱਕਾਰੀ "ਡਿਜੀਟਲ ਐਕਸੀਲੈਂਸ" ਐਵਾਰਡ ਮਿਲਿਆ ਏ ।
- ਚੰਡੀਗੜ੍ਹ ਪ੍ਰਸ਼ਾਸਨ ਨੇ ਅੱਜ ਚੰਡੀਗੜ੍ਹ ਕੌਮਾਂਤਰੀ ਮੈਰਾਥਨ ਦੀ ਮੇਜ਼ਬਾਨੀ ਕੀਤੀ.

- ਭਾਰਤੀ ਫੌਜ ਦੀ ਵਜਰਾ ਕੋਰ ਅੱਜ ਆਪਣਾ 76ਵਾਂ ਸਥਾਪਨਾ ਦਿਵਸ ਮਨਾ ਰਹੀ ਏ,
- ICC ਟਵੇਂਟੀ -ਟਵੇਂਟੀ ਕ੍ਰਿਕਟ ਵਿਸ਼ਵ ਕੱਪ ਵਿੱਚ ਅੱਜ ਸ਼ਾਮ ਭਾਰਤ ਦਾ ਮੁਕਾਬਲਾ ਵੈਸਟਇੰਡੀਜ਼ ਨਾਲ.

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ

ਸਾਡਾ ਅਗਲਾ ਰਾਸ਼ਟਰੀ ਬੁਲੇਟਿਨ

ਸ਼ਾਮ ਸਾਢੇ 7 ਵਜੇ ਹੋਏਗਾ

ਨਮਸ੍ਕਾਰ